# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 21-11-2024**

- ਪ੍ਰਸਾਰ ਭਾਰਤੀ ਦੇ ਚੇਅਰਮੈਨ ਨਵਨੀਤ ਕੁਮਾਰ ਸਹਿਗਲ ਨੇ ਕਿਹਾ ਕਿ OTT ਪਲੇਟਫਾਰਮ ਵੇਵਜ਼ ਦਾ ਉਦੇਸ਼ ਸਮਾਜ ਵਿਚ ਗੁਣਵੱਤਾਪੂਰਨ ਸਮੱਗਰੀ ਲਿਆਉਣਾ ਏ ।
- ਕੇਂਦਰੀ ਮੰਤਰੀ ਨੇ ਫਿਰੋਜ਼ਪੁਰ ਤੇ ਮੋਗਾ ਜਿਲਿਆਂ ਦਾ ਕੀਤਾ ਦੌਰਾ ।
- ਆਯੂਸ਼ਮਾਨ ਪ੍ਰਧਾਨ ਮੰਤਰੀ ਜਨ ਅਰੋਗਿਆ ਯੋਜਨਾ ਰਾਹੀਂ ਲੋਕਾਂ ਨੂੰ ਮਿਲ ਰਿਹੈ ਫਾਇਦਾ।
- ਕੱਲ੍ਹ ਹੋਈਆਂ ਚਾਰ ਹਲਕਿਆਂ ਦੀਆਂ ਜ਼ਿਮਨੀ ਚੋਣਾਂ ਵਿਚ ਢਾਈ ਲੱਖ ਤੋਂ ਵੱਧ ਲੋਕਾਂ ਨੇ ਵੋਟ ਨਹੀਂ ਪਾਈ ਏ ।

---

ਪ੍ਰਸਾਰ ਭਾਰਤੀ ਦੇ ਚੇਅਰਮੈਨ ਨਵਨੀਤ ਕੁਮਾਰ ਸਹਿਗਲ ਨੇ ਕਿਹਾ ਕਿ ਇੱਕ ਨਵਾਂ OTT ਪਲੇਟਫਾਰਮ ਸ਼ੁਰੂ ਕਰਨ ਦਾ ਵਿਚਾਰ ਸਿਰਫ਼

ਡਿਜੀਟਲ ਸਪੇਸ ਵਿੱਚ ਗੁਣਵੱਤਾ ਪੂਰਨ ਸਮੱਗਰੀ ਲਿਆਉਣਾ ਨਹੀਂ ਏ , ਸਗੋਂ ਬੱਚਿਆਂ ਅਤੇ ਨੌਜਵਾਨਾਂ ਸਮੇਤ ਸਮਾਜ ਦੇ ਸਾਰੇ ਵਰਗਾਂ ਲਈ ਸਮੱਗਰੀ ਪ੍ਰਦਾਨ ਕਰਨਾ ਵੀ ਏ ।ਰਾਸ਼ਟਰੀ ਪ੍ਰਸਾਰਕ ਪ੍ਰਸਾਰ ਭਾਰਤੀ ਦੇ ਓਟੀਟੀ ਪਲੇਟਫਾਰਮ ਵੇਵਜ਼ ਦੀ ਸ਼ੁਰੂਆਤ ਤੋਂ ਇੱਕ ਦਿਨ ਬਾਅਦ ਮੀਡੀਆ ਨੂੰ ਸੰਬੋਧਿਤ ਕਰਦੇ ਹੋਏ, ਸ਼੍ਰੀ ਸਹਿਗਲ ਨੇ ਦੱਸਿਆ ਕਿ ਇਸ ਪਲੇਟਫਾਰਮ ਵਿੱਚ, ਦੂਰਦਰਸ਼ਨ ਦੇ ਪ੍ਰੋਗਰਾਮਾਂ ਦੀਆਂ ਸਾਰੀਆਂ ਪੁਰਾਲੇਖ ਸਮੱਗਰੀਆਂ ਨੂੰ ਪ੍ਰਦਰਸ਼ਿਤ ਕੀਤਾ ਜਾਵੇਗਾ, ਜਿਨ੍ਹਾਂ ਨੂੰ ਲੋਕ ਦੇਖਦੇ ਹੋਏ ਵੱਡੇ ਹੋਏ ਨੇ । ਉਨ੍ਹਾਂ ਇਹ ਵੀ ਦੱਸਿਆ ਕਿ ਪਲੇਟਫਾਰਮ 'ਤੇ ਵਿਰਾਸਤ 'ਤੇ ਕੇਂਦਰਿਤ ਖੇਤਰੀ ਸੱਭਿਆਚਾਰਕ ਪ੍ਰੋਗਰਾਮ ਸ਼ਾਮਲ ਕੀਤੇ ਗਏ ਨੇ ।

---------------------------------------------------------------------------

ਕੇਂਦਰੀ ਮਕਾਨ ਉਸਾਰੀ ਅਤੇ ਸ਼ਹਿਰੀ ਮਾਮਲੇ ਰਾਜ ਮੰਤਰੀ ਤੋਖਨ ਸਾਹੂ ਨੇ, ਦੇਸ਼ ਦੇ ਸਭ ਤੋਂ ਪਛੜੇ ਜ਼ਿਲ੍ਹਿਆਂ ਦੀ ਦਿੱਖ ਬਦਲਣ ਦੇ ਮੰਤਵ ਨਾਲ, ਇੱਕ ਸਰਕਾਰੀ ਪਹਿਲਕਦਮੀ, ਆਸਵੰਦ ਜ਼ਿਲ੍ਹਾ ਪ੍ਰੋਗਰਾਮ ਦੇ ਹਿੱਸੇ ਵਜੋਂ ਪੰਜਾਬ ਦੇ ਫਿਰੋਜ਼ਪੁਰ ਅਤੇ ਮੋਗਾ ਜ਼ਿਲ੍ਹਿਆਂ ਦਾ ਦੌਰਾ ਕੀਤਾ।

ਦਿਨ ਦੌਰਾਨ ਫਿਰੋਜ਼ਪੁਰ ਵਿੱਚ ਇੱਕ ਜਾਇਜ਼ਾ ਬੈਠਕ ਕੀਤੀ ਗਈ, ਜਿੱਥੇ ਜ਼ਿਲ੍ਹਾ ਅਧਿਕਾਰੀਆਂ ਨੇ ਸਿਹਤ ਅਤੇ ਪੋਸ਼ਣ, ਸਿੱਖਿਆ, ਖੇਤੀਬਾੜੀ ਅਤੇ ਜਲ ਸੰਭਾਲ, ਵਿੱਤੀ ਸਮਾਵੇਸ਼ ਅਤੇ ਬੁਨਿਆਦੀ ਢਾਂਚੇ ਦੇ ਵਿਕਾਸ ਵਰਗੇ ਮੁੱਖ ਮੁੱਦਿਆਂ ਬਾਰੇ ਮੰਤਰੀ ਨੂੰ ਜਾਣੂ ਕਰਵਾਇਆ। ਮੰਤਰੀ ਨੇ ਇਹ ਯਕੀਨੀ ਬਣਾਉਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਕਿ ਕੇਂਦਰ ਸਰਕਾਰ ਦੀਆਂ ਸਾਰੀਆਂ ਯੋਜਨਾਵਾਂ ਦਾ 100 ਫੀਸਦੀ ਲਾਭ ਯੋਗ ਵਿਅਕਤੀਆਂ ਨੂੰ  ਮਿਲੇਗਾ।ਫਿਰੋਜ਼ਪੁਰ ਵਿੱਚ ਮੰਤਰੀ ਨੇ ਇੱਕ ਨਿਰਮਾਣ ਅਧੀਨ ਮੁੱਢਲੇ ਸਿਹਤ ਕੇਂਦਰ ਦਾ ਵੀ ਨਿਰੀਖਣ ਕੀਤਾ ਅਤੇ ਪ੍ਰਧਾਨ ਮੰਤਰੀ ਆਵਾਸ ਯੋਜਨਾ - ਸ਼ਹਿਰੀ ਦੇ ਲਾਭਪਾਤਰੀਆਂ ਨਾਲ ਗੱਲਬਾਤ ਕੀਤੀ । ਮੰਤਰੀ ਨੇ 200 ਬਿਸਤਰਿਆਂ ਵਾਲੀ ਪੀ.ਜੀ.ਆਈ ਸਹੂਲਤ ਦੇ ਰਿਮੋਟ ਕੈਂਪਸ ਦੀ ਜਗ੍ਹਾ ਦਾ ਵੀ ਮੁਆਇਨਾ ਕੀਤਾ, ਜਿਸ ਨਾਲ ਪੰਜਾਬ ਦੇ ਸਰਹੱਦੀ ਜ਼ਿਲ੍ਹਿਆਂ ਵਿੱਚ ਸਿਹਤ ਸੇਵਾਵਾਂ ਵਿੱਚ ਮਹੱਤਵਪੂਰਨ ਵਾਧਾ ਹੋਵੇਗਾ ।  ਮੋਗਾ ਫੇਰੀ ਦੌਰਾਨ ਮੰਤਰੀ ਨੇ  ਜ਼ਿਲੇ ਦੇ ਵਿਕਾਸ ਕਮਿਸ਼ਨਰ ਦਫ਼ਤਰ ਵਿਖੇ ਬੈਠਕ ਕੀਤੀ ਅਤੇ ਆਸਵੰਦ  ਜ਼ਿਲ੍ਹਾ ਪ੍ਰੋਗਰਾਮ ਦੀ ਪ੍ਰਗਤੀ ਦਾ ਜਾਇਜ਼ਾ ਲਿਆ।ਮੰਤਰੀ ਨੇ ਮੋਗਾ ਜ਼ਿਲੇ ਦੇ ਖੇਤਾਂ ਵਿੱਚ, ਕਿਸਾਨਾਂ ਵਲੋਂ

ਬੇਲਰ ਰਾਹੀਂ ਪਰਾਲੀ ਦੀਆਂ ਗੱਠਾਂ ਬਣਾਉਣ ਦੇ ਉਪਰਾਲੇ ਦੀ ਸ਼ਲਾਘਾ ਕੀਤੀ।BYTE ਇਸ ਤੋਂ ਬਾਅਦ ਉਹਨਾਂ ਪਿੰਡ  ਗੰਦੇ ਪਾਣੀ ਨੂੰ ਵੱਖ ਵੱਖ ਟੋਭਿਆਂ ਰਾਹੀਂ ਸਾਫ਼ ਕਰਕੇ ਖੇਤੀ ਲੋੜਾਂ ਲਈ ਵਰਤਣ ਦੇ ਪ੍ਰੋਜੈਕਟ ਨੂੰ ਵੀ ਦੇਖਿਆ ਅਤੇ ਇਸ ਨਵੀਂ ਪਹਿਲ ਲਈ, ਜ਼ਿਲ੍ਹਾ  ਪ੍ਰਸ਼ਾਸ਼ਨ ਦੀ ਸ਼ਲਾਘਾ ਕੀਤੀ। ਉਹਨਾਂ ਕਿਹਾ ਕਿ ਜੇਕਰ ਪੂਰੇ ਦੇਸ਼ ਵਿੱਚ ਅਜਿਹੇ ਪ੍ਰੋਜੈਕਟ ਬਣ ਜਾਣ ਤਾਂ ਗੰਦੇ ਪਾਣੀ ਕਾਰਨ ਪੈਦਾ ਹੋਣ ਵਾਲੀਆਂ ਸਮੱਸਿਆਵਾਂ, ਧਰਤੀ ਹੇਠਲੇ ਪਾਣੀ ਦੇ ਹੋਰ ਹੇਠਾਂ ਜਾਣ ਅਤੇ ਕਿਸਾਨਾਂ ਦੀਆਂ ਖੇਤੀ ਲਾਗਤਾਂ ਨੂੰ ਘਟਾਇਆ ਜਾ ਸਕਦਾ ਏ । ਉਹਨਾਂ ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਅਤੇ ਉਨ੍ਹਾਂ ਦੀ ਪੂਰੀ ਟੀਮ ਨੂੰ ਇਸ ਗੱਲ ਦੀ ਵਧਾਈ ਦਿੱਤੀ ਕਿ ਪੂਰੇ ਦੇਸ਼ ਦੇ 112 ਆਸਵੰਦ  ਜ਼ਿਲ੍ਹਿਆਂ ਵਿੱਚੋਂ ਜ਼ਿਲ੍ਹਾ ਮੋਗਾ ਦੀ ਕਾਰਗੁਜ਼ਾਰੀ ਬਹੁਤ ਬਿਹਤਰ ਏ। ਉਹਨਾਂ ਕਿਹਾ ਕਿ ਇਹ ਪ੍ਰੋਗਰਾਮ 2018 ਵਿਚ ਸ਼ੁਰੂ ਕੀਤਾ ਗਿਆ ਸੀ, ਜਿਸ ਅਧੀਨ ਹੁਣ ਤੱਕ ਜ਼ਿਲ੍ਹਾ ਮੋਗਾ ਨੂੰ ਲਗਭਗ 14 ਕਰੋੜ ਰੁਪਏ ਦੀ ਰਾਸ਼ੀ ਦਿੱਤੀ ਜਾ ਚੁੱਕੀ ਏ। ਇਸ ਦੌਰੇ ਦਾ ਮੰਤਵ ਫਿਰੋਜ਼ਪੁਰ ਅਤੇ ਮੋਗਾ ਜ਼ਿਲ੍ਹਿਆਂ ਵਿੱਚ ਵਿਕਾਸ ਦੀ ਪ੍ਰਗਤੀ ਦਾ ਮੁਲਾਂਕਣ ਕਰਨਾ ਸੀ, ਜਿਸ ਵਿੱਚ ਬੁਨਿਆਦੀ ਢਾਂਚੇ, ਸਿਹਤ

ਸੰਭਾਲ ਨੂੰ ਵਧਾਉਣ ਅਤੇ ਸਾਰੇ ਯੋਗ ਨਾਗਰਿਕਾਂ ਨੂੰ ਸਰਕਾਰੀ ਲਾਭਾਂ ਦੀ ਬਰਾਬਰ ਵੰਡ ਨੂੰ ਯਕੀਨੀ ਬਣਾਉਣ 'ਤੇ ਧਿਆਨ ਕੇਂਦਰਿਤ ਕੀਤਾ ਗਿਆ ਸੀ।

-----------------------------------------------------------------------------

ਪੰਜਾਬ ਰਾਜ ਔਰਤ ਕਮਿਸ਼ਨ ਵੱਲੋਂ ਅੱਜ ਵਿਦਿਆਰਥਣਾਂ ਨੂੰ ਘਰੇਲੂ ਹਿੰਸਾ ਰੋਕੂ ਐਕਟ 2005 ਅਤੇ ਕੰਮਕਾਜ਼ੀ ਸਥਾਨ ਤੇ ਸਰੀਰਕ ਸ਼ੋਸ਼ਣ ਰੋਕੂ ਐਕਟ 2013 ਬਾਰੇ ਜਾਗਰੂਕ ਕੀਤਾ ਗਿਆ । ਰਤਨ ਕਾਲਜ ਆਫ ਨਰਸਿੰਗ ਮੋਹਾਲੀ ਵਿਖੇ ਹੋਏ ਸਮਾਗਮ ਦੌਰਾਨ ਕਮਿਸ਼ਨ ਦੀ ਚੇਅਰਪਰਸਨ ਸ੍ਰੀਮਤੀ ਰਾਜ ਲਾਲੀ ਗਿੱਲ ਨੇ ਵਿਦਿਆਰਥਣਾ ਨੂੰ ਜਾਗਰੂਕ ਕਰਦਿਆਂ ਕਿਹਾ ਕਿ ਸਾਨੂੰ ਸਭ ਨੂੰ ਆਪਣੇ ਅਧਿਕਾਰਾਂ ਬਾਰੇ ਜਾਗਰੂਕ ਹੋਣ ਦੀ ਲੋੜ ਐ ਜਿਸ ਨਾਲ ਅਸੀਂ ਬਹੁਤ ਸਾਰੀਆਂ ਦੁਸ਼ਵਾਰੀਆਂ ਤੋਂ ਬਚ ਜਾਂਦੇ ਹਾਂ । ਉਨ੍ਹਾਂ ਕਿਹਾ ਕਿ ਇਹ ਕਾਨੂੰਨ ਔਰਤਾਂ ਨੂੰ ਸ਼ਸ਼ਕਤ ਕਰਨ ਵਿਚ ਮਦਦਗਾਰ ਸਾਬਿਤ ਹੋ ਰਿਹਾ ਐ । ਉਨ੍ਹਾਂ ਕਿਹਾ ਕਿ ਕੰਮਕਾਜ਼ੀ ਸਥਾਨ ਤੇ ਔਰਤਾਂ ਦੇ ਹਿੱਤਾਂ ਦੀ ਸੁਰੱਖਿਆਂ ਨੂੰ ਯਕੀਨੀ ਬਣਾਉਣ ਲਈ ਉਕਤ ਐਕਟ ਅਧੀਨ ਕਮੇਟੀ ਬਣਾਉਣੀ ਜ਼ਰੂਰੀ ਐ

ਜਿਸ ਕੋਲ ਇਸ ਤਰ੍ਹਾਂ ਦੀ ਘਟਨਾ ਹੋਣ ਤੇ ਸ਼ਿਕਾਇਤ ਕੀਤੀ ਜਾ ਸਕਦੀ ਹੈ। ਔਰਤਾਂ ਨੂੰ ਉਨ੍ਹਾਂ ਦੇ ਅਧਿਕਾਰਾਂ ਬਾਰੇ ਜਾਗਰੂਕ ਕਰਨ ਲਈ ਕਿਤਾਬਚਾ ਵੀ ਜਾਰੀ ਕੀਤਾ ਗਿਆ। ਸ਼੍ਰੀਮਤੀ ਲਾਲੀ ਗਿੱਲ ਨੇ ਕਿਹਾ ਕਿ ਰਾਜ ਸਰਕਾਰ ਨੇ ਘਰੇਲੂ ਹਿੰਸਾ ਤੋਂ ਪੀੜਤ ਔਰਤਾਂ ਦੀ ਮਦਦ ਲਈ ਸੂਬੇ ਵਿਚ ਸਖੀ ਵਨ ਸਟਾਪ ਸੈਂਟਰ ਖੋਲ੍ਹੇ ਗਏ ਨੇ ਜਿਥੇ ਘਰੇਲੂ ਹਿੰਸਾ ਤੋਂ ਪੀੜਿਤ ਔਰਤਾਂ ਨੂੰ ਕਾਨੂੰਨੀ ਸਹਾਇਤਾਂ ਮੁਹੱਈਆਂ ਕਰਵਾਈ ਜਾਂਦੀ ਐ । ਇਸ ਦੌਰਾਨ ਉਨ੍ਹਾਂ ਬੱਚਿਆਂ ਦੇ ਅਧਿਕਾਰਾਂ ਬਾਰੇ ਜਾਣਕਾਰੀ ਵੀ ਸਾਂਝੀ ਕੀਤੀ।

---------------------------------------------------------------------------------

ਫ਼ਤਹਿਗੜ੍ਹ ਸਾਹਿਬ ਦੇ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ 25 ਨਵੰਬਰ ਤੋਂ 30 ਨਵੰਬਰ ਤੱਕ ਅਲਿਮਕੋ ਦੇ ਸਹਿਯੋਗ ਨਾਲ ਲੋੜਵੰਦ ਦਿਵਿਆਂਗਜਨਾਂ ਨੂੰ ਨਕਲੀ ਅੰਗ/ਸਹਾਇਕ ਉਪਕਰਨ ਅਤੇ ਸੀਨੀਅਰ ਸਿਟੀਜ਼ਨਾਂ ਨੂੰ ਸਹਾਇਕ ਉਪਕਰਨ ਮੁਫਤ ਵਿੱਚ ਪ੍ਰਦਾਨ ਕਰਨ ਲਈ ਵੱਖ-ਵੱਖ ਥਾਵਾਂ 'ਤੇ ਬਲਾਕ ਪੱਧਰ 'ਤੇ ਵਿਸ਼ੇਸ਼ ਅਸੈਸਮੈਂਟ ਕੈਂਪ ਲਾਏ ਜਾ ਰਹੇ ਨੇ । ਡਿਪਟੀ ਕਮਿਸ਼ਨਰ ਨੇ ਦੱਸਿਆ ਕਿ

ਦਿਵਿਆਂਗਜਨ ਵਿਅਕਤੀ ਕੋਲ ਘੱਟੋ-ਘੱਟ 40 ਫੀਸਦ ਜਾਂ ਉਸ ਤੋਂ ਵੱਧ ਦਾ ਯੂ.ਡੀ.ਆਈ.ਡੀ ਕਾਰਡ ਬਣਿਆ ਹੋਣਾ ਲਾਜ਼ਮੀ ਐ ਤੇ ਕੈਂਪ ਵਾਲੇ ਦਿਨ ਉਹ ਆਪਣੇ ਨਾਲ 02 ਪਾਸਪੋਰਟ ਸਾਈਜ਼ ਫੋਟੋਆਂ , ਆਧਾਰ ਕਾਰਡ ਅਤੇ ਉਸ ਵਿਅਕਤੀ ਦੀ ਮਾਸਿਕ ਆਮਦਨ 22,500 ਰੁਪਏ ਤੋਂ ਘੱਟ ਹੋਣ ਸਬੰਧੀ ਆਪਣੇ ਪਿੰਡ ਦੇ ਸਰਪੰਚ ਜਾਂ ਕੌਂਸਲਰ ਪਾਸੋਂ ਤਸਦੀਕਸ਼ੁਦਾ ਆਮਦਨ ਸਰਟੀਫਿਕੇਟ ਆਪਣੇ ਨਾਲ ਲੈ ਕੇ ਆਉਣ ।

--------------------------------------------------------------------------------

ਭਾਰਤ ਪ੍ਰਧਾਨ ਮੰਤਰੀ ਜਨ ਅਰੋਗੇ ਯੋਜਨਾ ਵਿਸ਼ਵ ਦੀ ਸਭ ਤੋਂ ਵੱਡੀ ਜਨਤਕ ਤੌਰ ਤੇ ਵਿੱਤੀ ਸਿਹਤ ਬੀਮਾ ਯੋਜਨਾ ਏ ਇਸ ਰਾਹੀਂ ਹਰ ਇੱਕ ਆਮ ਆਦਮੀ ਨੂੰ ਪ ਲੱਖ ਰੁਪਏ ਪ੍ਰਤੀ ਪਰਿਵਾਰ ਪ੍ਰਤੀ ਮਾਨ ਦਾ ਇਲਾਜ ਮੁਫਤ ਕਰਾਉਣ ਦੀ ਸਹੂਲਤ ਦਿੱਤੀ ਜਾਂਦੀ ਹੈ ਇਸੇ ਤਹਿਤ ਕੇਂਦਰੀ ਮੰਤਰੀ ਮੰਡਲ ਵੱਲੋਂ ਬੀਤੀ ਸਤੰਬਰ ਮਹੀਨੇ ਵਿੱਚ ਇਸ ਯੋਜਨਾ ਦਾ ਵਿਸਥਾਰ ਕਰਕੇ 70 ਸਾਲ ਤੋਂ ਤੇ ਉਸ ਤੋਂ ਵੱਧ ਉਮਰ ਨੂੰ ਉਮਰ ਦੇ ਸਾਰੇ ਬਜ਼ੁਰਗਾਂ ਨਾਗਰਿਕਾਂ ਨੂੰ ਉਹਨਾਂ ਦੀ ਆਮਦਨ ਨੂੰ ਨਜ਼ਰ ਅੰਦਾਜ਼ ਕਰਦਿਆਂ ਇਸ ਯੋਜਨਾ ਹੇਠ ਲਿਆਂਦਾ ਗਿਆ ਹ

--------------------------------------------------------------------------------

ਵਰਧਮਾਨ ਸਪੈਸ਼ਲ ਸਟੀਲਜ਼ ਲਿਮਟਿਡ (ਵੀ.ਐਸ.ਐਸ.ਐਲ) ਨੇ ਆਪਣੀ ਸੀ.ਐਸ.ਆਰ. ਪਹਿਲਕਦਮੀ ਤਹਿਤ ਨਾਰੀ ਸ਼ਕਤੀ ਪ੍ਰੋਜੈਕਟ ਤਹਿਤ ਲੁਧਿਆਣਾ ’ਚ ਨਵਾਂ ਹੁਨਰ ਵਿਕਾਸ ਕੇਂਦਰ ਸਥਾਪਤ ਕਰਨ ਲਈ 12 ਲੱਖ ਰੁਪਏ ਦੀ ਸਹਾਇਤਾ ਦਿੱਤੀ। ਵਰਧਮਾਨ ਤੋਂ ਸੀਨੀਅਰ ਮੈਨੇਜਰ ਐਡਮਿਨ/ਹੈੱਡ ਸੀ.ਐਸ.ਆਰ ਅਮਿਤ ਧਵਨ ਨੇ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੂੰ 12 ਲੱਖ ਰੁਪਏ ਦਾ ਚੈੱਕ ਭੇਟ ਕੀਤਾ। ਇਸ ਮੌਕੇ ਅਮਿਤ ਧਵਨ ਨੇ ਕਿਹਾ ਕਿ ਵਰਧਮਾਨ ਸਪੈਸ਼ਲ ਸਟੀਲਜ਼ ਲਿਮਟਿਡ ਲੁਧਿਆਣਾ ਵਿਚ ਸਥਾਪਤ ਕੀਤਾ ਜਾਣਾ ਵਾਲਾ ਇਹ ਤੀਜਾ ਹੁਨਰ ਵਿਕਾਸ ਕੇਂਦਰ ਹੋਵੇਗਾ।

---------------------------------------------------------------------------

ਜ਼ਿਲਾ ਫ਼ਰੀਦਕੋਟ ਦੇ ਪਿੰਡ ਦਲ ਸਿੰਘ ਵਾਲਾ ਵਿਚ ਕਿਸਾਨ ਗੁਰਪ੍ਰੇਮ ਸਿੰਘ ਵੱਲੋਂ ਹੈਪੀ ਸੀਡਰ ਨਾਲ ਬਿਜਾਈ ਕੀਤੀ ਕਣਕ ਵਿਚ ਸੈਨਿਕ ਸੁੰਡੀ ਦਾ ਹਮਲਾ ਦੇਖਿਆ ਗਿਆ ਐ। ਮਾਮਲਾ ਧਿਆਨ ਵਿਚ ਆਉਣ ’ਤੇ ਮੁੱਖ ਖੇਤੀਬਾੜੀ ਅਫ਼ਸਰ ਡਾ. ਅਮਰੀਕ ਸਿੰਘ ਅਤੇ ਬਲਾਕ ਖ਼ੇਤੀਬਾੜੀ ਅਫ਼ਸਰ ਡਾ. ਗੁਰਪ੍ਰੀਤ ਸਿੰਘ ਨੇ ਉਕਤ ਖੇਤਰ ਦਾ ਦੌਰਾ ਕੀਤਾ।

ਕਿਸਾਨਾਂ ਨਾਲ ਗੱਲਬਾਤ ਕਰਦਿਆਂ ਡਾ.ਅਮਰੀਕ ਸਿੰਘ  ਨੇ ਦੱਸਿਆ ਕਿ ਨਵੀਆਂ ਤਕਨੀਕਾਂ ਆਉਣ ਦੇ ਨਾਲ ਕੁਝ ਕੀੜੇ ਵੀ ਫ਼ਸਲਾਂ ਵਿਚ ਆ ਜਾਂਦੇ ਹਨ ਜਿਨ੍ਹਾਂ ਵਿਚ ਕਣਕ ਦੀ ਫ਼ਸਲ ਉੱਪਰ ਤਣੇ ਦੀ ਗੁਲਾਬੀ ਸੁੰਡੀ ਅਤੇ ਸੈਨਿਕ ਸੁੰਡੀ ਅਜਿਹੇ ਕੀਟ ਹਨ ਜੋ ਕਿ ਕਣਕ ਦੀ ਫ਼ਸਲ ਦਾ ਬਿਜਾਈ ਤੋਂ 20-30 ਦਿਨਾਂ ਬਾਅਦ ਨੁਕਸਾਨ ਕਰਦੇ ਨੇ। ਇਹ ਕੀੜਾ ਬਹੁਤ ਤੇਜੀ ਨਾਲ ਫੈਲਦਾ ਐ। ਇਸ ਕੀੜੇ ਦੇ ਹਮਲੇ ਤੋਂ ਕਣਕ ਦੀ ਫਸਲ ਨੂੰ ਬਚਾਉਣ ਲਈ ਸੂਰਜ ਡੁੱਬਣ ਤੋਂ ਬਾਅਦ ਨਿਰੰਤਰ ਨਿਰੀਖਣ ਕਰਦੇ ਰਹਿਣਾ ਚਾਹੀਦਾ ਐ ਅਤੇ ਜੇਕਰ ਇਸ ਕੀੜੇ ਦਾ ਹਮਲਾ ਕਣਕ ਦੀ ਫਸਲ ਉੱਪਰ ਦਿਖਾਈ ਦੇਵੇ ਤਾਂ ਇਸ ਦੇ ਅਗਾਂਹ ਫੈਲਾਅ ਨੂੰ ਰੋਕਣ ਲਈ ਤੁਰੰਤ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੁਆਰਾ ਸਿਫਾਰਸ਼ਸ਼ੁਦਾ ਕੀਟ ਨਾਸ਼ਕਾਂ ਵਰਤੋਂ ਕਰਨੀ ਚਾਹੀਦੀ ਐ।

-------------------------------------------------------------------

ਪੰਜਾਬ ਦੇ ਚਾਰ ਅਸੈਂਬਲੀ ਹਲਕਿਆਂ ਵਿਚ ਕੱਲ੍ਹ ਪਈਆਂ ਵੋਟਾਂ ਦੀ ਕੁੱਲ ਫੀਸਦ 63.91 ਦਰਜ ਹੋਈ ਐ। ਇਨ੍ਹਾਂ ਚਾਰੇ ਹਲਕਿਆਂ ਵਿਚ ਵੋਟ ਪਾ ਸਕਣ ਵਾਲੇ ਯੋਗ ਵਿਅਕਤੀਆਂ ਦੀ ਗਿਣਤੀ 6 ਲੱਖ 96 ਹਜ਼ਾਰ 965

ਸੀ ਜਦਕਿ ਸਿਰਫ 4 ਲੱਖ 45 ਹਜ਼ਾਰ 456 ਲੋਕਾਂ ਨੇ ਹੀ ਆਪਣੀ ਵੋਟ ਦੇ ਅਧਿਕਾਰ ਦੀ ਵਰਤੋਂ ਕੀਤੀ ਏ। 2 ਲੱਖ 50 ਹਜ਼ਾਰ ਤੋਂ ਵੱਧ ਲੋਕਾਂ ਨੇ ਵੋਟ ਨਹੀਂ ਪਾਈ । ਚੋਣ ਕਮਿਸ਼ਨ ਤੋਂ ਪ੍ਰਾਪਤ ਵੇਰਵਿਆਂ ਅਨੁਸਾਰ ਗਿੱਦੜਬਾਹਾ ਵਿਚ ਸਭ ਤੋਂ ਵੱਧ 81.90 ਫੀਸਦ ਵੋਟਿੰਗ ਦਰਜ ਹੋਈ ਏ, ਜਦਕਿ ਡੇਰਾ ਬਾਬਾ ਨਾਨਕ ਵਿਚ 64.01 ਫੀਸਦ , ਬਰਨਾਲਾ ਵਿਚ 56.34 ਅਤੇ ਚੱਬੇਵਾਲ ਵਿਚ 53.43 ਫੀਸਦ ਦਰਜ ਹੋਈ ਏ।

Desk

---

- ਪ੍ਰਸਾਰ ਭਾਰਤੀ ਦੇ ਚੇਅਰਮੈਨ ਨਵਨੀਤ ਕੁਮਾਰ ਸਹਿਗਲ ਨੇ ਕਿਹਾ ਕਿ OTT ਪਲੇਟਫਾਰਮ ਵੇਵਜ਼ ਦਾ ਉਦੇਸ਼ ਸਮਾਜ ਵਿਚ ਗੁਣਵੱਤਾਪੂਰਨ ਸਮੱਗਰੀ ਲਿਆਉਣਾ ਏ।
- ਕੇਂਦਰੀ ਮੰਤਰੀ ਨੇ ਫਿਰੋਜ਼ਪੁਰ ਤੇ ਮੋਗਾ ਜਿਲਿਆਂ ਦਾ ਕੀਤਾ ਦੌਰਾ।
- ਆਯੂਸ਼ਮਾਨ ਪ੍ਰਧਾਨ ਮੰਤਰੀ ਜਨ ਅਰੋਗਿਆ ਯੋਜਨਾ ਰਾਹੀਂ ਲੋਕਾਂ ਨੂੰ ਮਿਲ ਰਿਹੈ ਫਾਇਦਾ।

- ਕੱਲ੍ਹ ਹੋਈਆਂ ਚਾਰ ਹਲਕਿਆਂ ਦੀਆਂ ਜ਼ਿਮਨੀ ਚੋਣਾਂ ਵਿਚ ਢਾਈ ਲੱਖ ਤੋਂ ਵੱਧ ਲੋਕਾਂ ਨੇ ਵੋਟ ਨਹੀਂ ਪਾਈ ਏ ।